ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id: ee.pd.moh.pwd@punjab.gov.in, Tel. & Fax No. 0172-2226328

---

ਵੱਲ,

The Principal,
Shivalik Public School,
Sector 78, SAS Nagar (Mohali).

ਨੰ: 3208 ਮਿਤੀ: 22-4-25

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਪ੍ਰਿੰਸੀਪਲ, Shivalik Public School, Sector 78, Mohali ਦਾ ਪੱਤਰ ਨੰ. SPS/2025/12543 ਮਿਤੀ 19-03-2025

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਬਿਲਡਿੰਗ ਸੇਫ ਜਾਪਦੀ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਹੁਕਮ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਨਿਰਧਾਰਿਤ ਕੀਤੀ ਗਈ ਇੰਸਪੈਕਸ਼ਨ ਫੀਸ ਬਾਬਤ ਰਕਮ 20,000/-ਰੁਪਏ, ਡੀ.ਡੀ. ਨੰ. 921620 ਮਿਤੀ 04-04-2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਜਿਸ ਸਬੰਧੀ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਬਿਲਡਿੰਗ ਸੇਫਟੀ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ , ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 165 ਮਿਤੀ 15-04-2025 ਦੇ ਸਬੰਧ ਵਿੱਚ।
2. ਸੁਪਰਡੰਟ (ਸਮੇਤ ਡੀ.ਡੀ ਨੰ. 921620 ਮਿਤੀ 04-04-2025, ਬਾਬਤ ਰਕਮ 20,000/- ਮੂਲ ਰੂਪ ਵਿੱਚ)

ਨੱਥੀ/ਡੀ.ਡੀ. ਲੜੀ ਨੰ. 2 ਲਈ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

# BUILDING SAFETY CERTIFICATE

**Subject:** **Building Safety Certificate for Shivalik Public School, Sector-78, SAS Nagar (Mohali).**

**Shivalik Public School, Sector-78, SAS Nagar (Mohali)** ਦੀ ਬਿਲਡਿੰਗ ਦਾ ਸਟਰਕਚਰ ਸਟੇਬਿਲਟੀ ਸਰਟੀਫਿਕੇਟ Syal & Associated, Dr. I.C Syal, Sector-74, Mohali ਦਾ ਪੱਤਰ ਨੰ: S.A/2025-26/ICS/10 ਮਿਤੀ 09.04.2025 ਨੂੰ ਧਿਆਨ ਵਿਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2026 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਨੱਥੀ ਪਲੈਨ ਵਿਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਐਸ.ਏ.ਐਸ ਨਗਰ ਵੱਲੋਂ ਉਹਨਾਂ ਦੇ ਨੰ: 2004-98251-Fire/76379 ਮਿਤੀ 30.09.2024 ਦੁਆਰਾ ਜਾਰੀ ਕੀਤਾ ਗਿਆ ਹੈ। ਜੇਕਰ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ 30.09.2025 ਤੋਂ ਮਿਤੀ 31.03.2026 ਤੱਕ ਰੀਨਿਊ ਕਰਵਾਉਣ ਉਪਰੰਤ ਇਸ ਦਫਤਰ ਵਿਚ ਜਮ੍ਹਾਂ ਨਾ ਕਰਵਾਇਆ ਗਿਆ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਉਪਲੱਬਧ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਉਕਤ ਕਿਸੇ ਵੀ ਹਾਲਾਤ ਵਿਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੋਡ ਐਕਸਿਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿਚ ਜੋ ਵੀ ਫੈਸਲਾ ਕੀਤਾ ਜਾਵੇਗਾ, ਇਹ ਸੰਸਥਾ ਉਸ ਨੂੰ ਮੰਨਣ ਦੀ ਪਾਬੰਦ ਹੋਵੇਗੀ।
7. ਜੇਕਰ ਬਿਲਡਿੰਗ ਉਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ Visual Inspection ਦੇ ਆਧਾਰ ਤੇ ਕੇਵਲ Structural Safety ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ ਨਿ ਵਿ (ਭ ਤੇ ਮ ਸ਼ਾਖਾ),
ਐਸ ਏ ਐਸ ਨਗਰ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ ਨਿ ਵਿ (ਭ ਤੇ ਮ ਸ਼ਾਖਾ),
ਐਸ.ਏ.ਐਸ ਨਗਰ (ਮੁਹਾਲੀ)।